Punjabi - Number 15d
March 2014

# ਡਿਫਥੇਰੀਆ, ਟੈਟਨਸ, ਪਰਟੂਸਿਸ, ਪੋਲੀਓ (DTaP-IPV) ਵੈਕਸੀਨ

## Diphtheria, Tetanus, Pertussis, Polio (DTaP-IPV) Vaccine

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।**
**ਸਾਰੇ ਵੈਕਸੀਨ ਸਮੇਂ ਸਿਰ ਦਿਵਾਓ।**

ਸਮੇਂ ਸਿਰ ਵੈਕਸੀਨੇਸ਼ਨ ਕਰਵਾ ਕੇ ਤੁਹਾਡੇ ਬੱਚੇ ਦਾ ਜ਼ਿੰਦਗੀ-ਭਰ ਲਈ ਕਈ ਬਿਮਾਰੀਆਂ ਤੋਂ ਬਚਾਅ ਹੋ ਜਾਂਦਾ ਹੈ।

ਪਿਛਲੇ 50 ਸਾਲਾਂ ਵਿਚ ਇਮਿਊਨਾਇਜ਼ੇਸ਼ਨ ਨੇ ਕੈਨੇਡਾ ਵਿਚ ਸਿਹਤ ਦੇ ਕਿਸੇ ਵੀ ਹੋਰ ਉਪਾਅ ਨਾਲੋਂ ਵਧੇਰੇ ਜਾਨਾਂ ਬਚਾਈਆਂ ਹਨ।

### DTaP-IPV ਵੈਕਸੀਨ ਕੀ ਹੈ?

DTaP-IPV ਵੈਕਸੀਨ ਚਾਰ ਬਿਮਾਰੀਆਂ ਤੋਂ ਬਚਾਅ ਕਰਦਾ ਹੈ:

- ਗਲ਼ਘੋਟੂ ਰੋਗ (ਡਿਫਥੇਰੀਆ)
- ਟੈਟਨਸ
- ਪਰਟੂਸਿਸ (ਜਾਂ ਕਾਲੀ ਖਾਂਸੀ)
- ਪੋਲੀਓ

ਇਹ ਵੈਕਸੀਨ ਹੈਲਥ ਕੈਨੇਡਾ ਵੱਲੋਂ ਪ੍ਰਵਾਨਿਤ ਹੈ ਅਤੇ ਤੁਹਾਡੇ ਬੱਚੇ ਦੀ ਬਾਕਾਇਦਾ ਇਮਿਊਨਾਇਜ਼ੇਸ਼ਨ ਦੇ ਹਿੱਸੇ ਵਜੋਂ ਮੁਫ਼ਤ ਮੁਹੱਈਆ ਕੀਤਾ ਜਾਂਦਾ ਹੈ। ਐਪੁਆਇੰਟਮੈਂਟ ਬਣਾਉਣ ਵਾਸਤੇ ਆਪਣੇ ਸਿਹਤ ਸੰਭਾਲ ਕਰਨ ਵਾਲੇ ਨੂੰ ਫ਼ੋਨ ਕਰੋ।

### DTaP-IPV ਵੈਕਸੀਨ ਕਿਸ ਨੂੰ ਲੈਣਾ ਚਾਹੀਦਾ ਹੈ?

ਇਸ ਵੈਕਸੀਨ ਦੀ ਇੱਕ ਖ਼ੁਰਾਕ 4 ਸਾਲ ਦੀ ਉਮਰ ਦੇ ਕਿੰਡਰਗਾਰਟਨ ਦੇ ਬੱਚਿਆਂ ਨੂੰ ਦਿੱਤੀ ਜਾਂਦੀ ਹੈ। ਜਿਨ੍ਹਾਂ ਬੱਚਿਆਂ ਨੂੰ ਛੋਟੀ ਉਮਰ ਵਿਚ ਡਿਫਥੇਰੀਆ, ਟੈਟਨਸ, ਪਰਟੂਸਿਸ ਅਤੇ ਪੋਲੀਓ ਵਿਰੁੱਧ ਇਮਿਊਨਾਈਜ਼ ਕੀਤਾ ਗਿਆ ਹੋਵੇ ਉਨ੍ਹਾਂ ਲਈ ਇਹ ਬੂਸਟਰ ਖ਼ੁਰਾਕ ਹੁੰਦੀ ਹੈ।

ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਦੀਆਂ ਇਹ HealthLinkBC File #15b ਡਿਫਥੇਰੀਆ, ਟੈਟਨਸ, ਪਰਟੂਸਿਸ, ਪੋਲੀਓ, ਹੀਮੋਫ਼ਿਲਸ ਇਨਫ਼ਲੂਐਂਜ਼ਾਈ ਟਾਈਪ ਬੀ. (ਧਠੳਫ-ੀਫਡ-ੁਬਿ) ਵੈਕਸੀਨ , ਅਤੇ HealthLinkBC File #105 ਡਿਫਥੇਰੀਆ, ਟੈਟਨਸ, ਪਰਟੂਸਿਸ, ਹੈਪਾਟਾਈਟਿਸ ਬੀ., ਪੋਲੀਓ, ਹੀਮੋਫ਼ਿਲਸ ਇਨਫ਼ਲੂਐਂਜ਼ਾਈ ਟਾਈਪ ਬੀ. (ਧਠੳਫ-ੁਭ-ੀਫਡ-ੁਬਿ) ਵੈਕਸੀਨ ਫ਼ਾਈਲਾਂ ਦੇਖੋ।

ਇਨ੍ਹਾਂ ਬਿਮਾਰੀਆਂ ਦੇ ਵਿਰੁੱਧ ਸੁਰੱਖਿਆ ਲਈ ਬੂਸਟਰ ਖ਼ੁਰਾਕ ਇਮਿਊਨ ਸਿਸਟਮ ਨੂੰ ਮਜ਼ਬੂਤ ਕਰਦੀ ਹੈ ਜਾਂ ਸ਼ਕਤੀਸ਼ਾਲੀ ਬਣਾਉਂਦੀ ਹੈ।

ਲਈਆਂ ਗਈਆਂ ਸਾਰੀਆਂ ਇਮਿਊਨਾਈਜ਼ੇਸ਼ਨਜ਼ ਦਾ ਰਿਕਾਰਡ ਰੱਖਣਾ ਬੜਾ ਮਹੱਤਵਪੂਰਨ ਹੈ।

### DTaP-IPV ਵੈਕਸੀਨ ਦੇ ਕੀ ਫ਼ਾਇਦੇ ਹਨ?

ਡਿਫਥੇਰੀਆ, ਟੈਟਨਸ, ਪਰਟੂਸਿਸ ਅਤੇ ਪੋਲੀਓ ਜਿਹੀਆਂ ਗੰਭੀਰ ਅਤੇ ਕਦੀ ਕਦੀ ਜਾਨਲੇਵਾ ਵੀ ਹੋ ਸਕਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ DTaP-IPV ਵੈਕਸੀਨ ਸਭ ਤੋਂ ਵਧੀਆ ਤਰੀਕਾ ਹੈ।

ਜਦੋਂ ਤੁਸੀਂ ਆਪਣੇ ਬੱਚੇ ਨੂੰ ਵੈਕਸੀਨ ਲਵਾ ਲੈਂਦੇ ਹੋ ਤਾਂ ਤੁਸੀਂ ਦੂਜਿਆਂ ਦੇ ਬਚਾਅ ਵਿਚ ਵੀ ਮਦਦ ਕਰਦੇ ਹੋ।

### ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨ ਬਹੁਤ ਸੁਰੱਖਿਅਤ ਹਨ। ਇਨ੍ਹਾਂ ਬਿਮਾਰੀਆਂ ਨਾਲ ਬਿਮਾਰ ਹੋਣ ਨਾਲੋਂ ਵੈਕਸੀਨ ਲਗਵਾ ਲੈਣਾ ਜ਼ਿਆਦਾ ਸੁਰੱਖਿਅਤ ਹੈ।

ਜਿਸ ਥਾਂ ਟੀਕਾ ਲੱਗਿਆ ਹੋਵੇ ਉੱਥੋਂ ਦੁਖਣਾ, ਲਾਲ ਹੋਣਾ ਅਤੇ ਸੋਜ ਪੈਣਾ ਵੈਕਸੀਨ ਤੋਂ ਹੋਣ ਵਾਲੇ ਆਮ ਰੀਐਕਸ਼ਨਾਂ ਵਿਚ ਸ਼ਾਮਲ ਹਨ। ਕੁੱਝ ਬੱਚਿਆਂ ਨੂੰ ਬੁਖ਼ਾਰ, ਚਿੜਚਿੜਾਪਣ, ਸੁਸਤੀ ਅਤੇ ਭੁੱਖ ਘੱਟ ਲੱਗ ਸਕਦੀ ਹੈ। ਇਹ ਪ੍ਰਤੀਕਰਮ ਹਲਕੇ ਹੁੰਦੇ ਹਨ ਅਤੇ ਆਮ ਕਰ ਕੇ 1 ਤੋਂ 2 ਦਿਨ ਤੱਕ ਰਹਿੰਦੇ ਹਨ। ਵੱਡੀਆਂ ਜਗ੍ਹਾ ਤੇ ਲਾਲੀ ਅਤੇ ਸੋਜ ਆਮ ਤੌਰ ਤੇ ਹੋ ਸਕਦੀ ਹੈ ਪਰ ਇਨ੍ਹਾਂ ਕਾਰਨ ਆਮ ਸਰਗਰਮੀਆਂ ਵਿਚ ਰੁਕਾਵਟ ਨਹੀਂ ਪੈਂਦੀ।

> ਐਸੀਟਾਮੀਨੋਫੇਨ (Acetaminophen) ਜਾਂ ਟੈਲੀਨੋਲ (Tylenol®) ਬੁਖ਼ਾਰ ਲਈ ਅਤੇ ਦੁਖਣ ਤੋਂ ਦਿੱਤੀ ਜਾ ਸਕਦੀ ਹੈ। ASA ਜਾਂ ਐਸਪਰੀਨ (Aspirin®) ਰਾਈ ਸਿੰਡਰੋਮ ਦੇ ਖ਼ਤਰੇ ਕਾਰਨ 20 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰਾਈ ਸਿੰਡਰੋਮ ਦੇਖੋ।

ਕੋਈ ਵੀ ਵੈਕਸੀਨ ਲੈਣ ਤੋਂ ਬਾਅਦ 15 ਮਿੰਟ ਕਲੀਨਿਕ ਵਿਚ ਠਹਿਰਨਾ ਬੜਾ ਮਹੱਤਵਪੂਰਨ ਹੈ ਕਿਉਂਕਿ ਭਾਵੇਂ ਬੇਹੱਦ ਘੱਟ ਪਰ ਇੱਕ ਜਾਨ ਲੇਵਾ ਐਲਰਜੀ ਐਨਾਫਾਇਲੈਕਸਿਸ ਦੇ ਰੀਐਕਸ਼ਨ ਦੀ ਸੰਭਾਵਨਾ ਹੁੰਦੀ ਹੈ। ਇਸ ਨਾਲ ਛਪਾਕੀ, ਸਾਹ ਲੈਣ ਵਿਚ ਤਕਲੀਫ਼ ਜਾਂ ਗਲੇ, ਜੀਭ ਜਾਂ ਬੁੱਲ੍ਹਾਂ ਦੀ ਸੋਜ ਹੋ ਸਕਦੀ ਹੈ। ਜੇ

ਕਰ ਕਲੀਨਿਕ ਵਿਚੋਂ ਜਾਣ ਤੋਂ ਬਾਅਦ ਇੰਜ ਤੁਹਾਡੇ ਨਾਲ ਹੁੰਦਾ ਹੈ ਤਾਂ **9–1–1** ਜਾਂ ਸਥਾਨਕ ਐਮਰਜੈਂਸੀ ਨੰਬਰ ਤੇ ਫੋਨ ਕਰੋ। ਇਸ ਰੀਐਕਸ਼ਨ ਦਾ ਇਲਾਜ ਹੋ ਸਕਦਾ ਹੈ ਅਤੇ ਇਹ ਵੈਕਸੀਨ ਲੈਣ ਵਾਲੇ ਦਸ ਲੱਖ ਲੋਕਾਂ ਵਿਚੋਂ ਇੱਕ ਤੋਂ ਵੀ ਘੱਟ ਜਣੇ ਨੂੰ ਹੁੰਦਾ ਹੈ।

ਗੰਭੀਰ ਜਾਂ ਅਚਨਚੇਤ ਹੋਏ ਰੀਐਕਸ਼ਨਜ਼ ਦੀ ਰਿਪੋਰਟ ਆਪਣੇ ਸਿਹਤ ਸੰਭਾਲ ਕਰਨ ਵਾਲੇ ਨੂੰ ਕਰਨਾ ਬੜਾ ਮਹੱਤਵਪੂਰਨ ਹੈ।

## DTaP-IPV ਵੈਕਸੀਨ ਕਿਸ ਨੂੰ ਨਹੀਂ ਲੈਣਾ ਚਾਹੀਦਾ?

ਜੇ ਤੁਹਾਡੇ ਬੱਚੇ ਨੂੰ ਪਹਿਲਾਂ ਲਈ ਗਈ ਡਿਪਥੀਰੀਆ, ਟੈਟਨਸ, ਪਰਟੂਸਿਸ ਜਾਂ ਪੋਲਿਓ ਦੀ ਖੁਰਾਕ, ਜਾਂ ਨਿਓਮਾਈਸਨ ਅਤੇ ਪੋਲੀਮੈਕਸਿੰਨ ਬੀ ਜਾਂ ਲੇਟੈਕਸ ਸਮੇਤ ਵੈਕਸੀਨ ਦੇ ਕਿਸੇ ਵੀ ਅੰਸ਼ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਹੋਈ ਹੈ ਤਾਂ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ। ਇਹ ਵੈਕਸੀਨ 7 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਨਹੀਂ ਦਿੱਤੀ ਜਾਂਦੀ।

ਹੋਰ ਕਿਸੇ ਕਾਰਨ ਤੋਂ ਬਿਨਾਂ ਜਿਨ੍ਹਾਂ ਲੋਕਾਂ ਵਿਚ ਟੈੱਟਨਸ ਵੈਕਸੀਨ ਲੈਣ ਤੋਂ 8 ਹਫ਼ਤਿਆਂ ਦੇ ਅੰਦਰ ਗੁਇਲੇਨ-ਬਾਰੀ ਸਿੰਡਰੋਮ (GBS) ਵਿਕਸਤ ਹੋ ਗਿਆ ਹੋਵੇ ਉਨ੍ਹਾਂ ਨੂੰ DTaP-IPV ਵੈਕਸੀਨ ਨਹੀਂ ਲੈਣਾ ਚਾਹੀਦਾ। GBS ਇੱਕ ਬਹੁਤ ਘੱਟ ਹੋਣ ਵਾਲੀ ਸਮੱਸਿਆ ਹੈ, ਜਿਸ ਦੇ ਨਤੀਜੇ ਵਜੋਂ ਕਮਜ਼ੋਰੀ ਅਤੇ ਸਰੀਰ ਦੇ ਪੱਠਿਆਂ ਨੂੰ ਲਕਵਾ ਹੋ ਸਕਦਾ ਹੈ। ਇਹ ਆਮ ਤੌਰ ਤੇ ਕਿਸੇ ਇਨਫ਼ੈਕਸ਼ਨ ਤੋਂ ਬਾਅਦ ਹੁੰਦੀ ਹੈ ਪਰ ਕੁੱਝ ਵਿਰਲੀਆਂ ਹਾਲਤਾਂ ਵਿਚ ਕੁੱਝ ਵੈਕਸੀਨਜ਼ ਲੈਣ ਤੋਂ ਬਾਅਦ ਵੀ ਹੋ ਸਕਦੀ ਹੈ।

ਠੰਢ ਜ਼ੁਕਾਮ ਜਾਂ ਮਾਮੂਲੀ ਬਿਮਾਰੀ ਕਾਰਨ ਇਮਿਊਨਾਈਜ਼ੇਸ਼ਨ ਵਿਚ ਦੇਰ ਕਰਨ ਦੀ ਲੋੜ ਨਹੀਂ। ਜੇ ਤੁਹਾਨੂੰ ਕੋਈ ਸ਼ੱਕ ਹੈ ਤਾਂ ਆਪਣੇ ਸਿਹਤ ਸੰਭਾਲ ਕਰਨ ਵਾਲੇ ਨਾਲ ਗੱਲ ਕਰੋ।

## ਡਿਫਥੇਰੀਆ, ਪਰਟੂਸਿਸ, ਟੈਟਨਸ ਅਤੇ ਪੋਲੀਓ ਕੀ ਹਨ?

**ਡਿਫਥੇਰੀਆ**, ਡਿਫਥੇਰੀਆ ਜਰਮ (ਬੈਕਟੀਰੀਆ) ਕਾਰਨ ਹੋਣ ਵਾਲੀ ਨੱਕ ਅਤੇ ਗਲੇ ਦੀ ਇੱਕ ਗੰਭੀਰ ਇਨਫੈਕਸ਼ਨ ਹੈ। ਮਰੀਜ਼ ਦੇ ਛਿੱਕਣ ਜਾਂ ਖੰਘਣ ਨਾਲ ਹਵਾ ਰਾਹੀਂ ਅਤੇ ਚਮੜੀ ਦੇ ਚਮੜੀ ਨਾਲ ਸਿੱਧੇ ਸੰਪਰਕ ਰਾਹੀਂ ਇਹ ਜਰਮ ਫੈਲਦੇ ਹਨ। ਬਿਮਾਰੀ ਦੇ ਨਤੀਜੇ ਵਜੋਂ ਸਾਹ ਦੀਆਂ ਬਹੁਤ ਗੰਭੀਰ ਸਮੱਸਿਆਵਾਂ ਹੋ ਸਕਦੀਆਂ ਹਨ। ਇਸ ਨਾਲ ਦਿਲ ਫ਼ੇਲ੍ਹ ਅਤੇ ਲਕਵਾ ਵੀ ਹੋ ਸਕਦਾ ਹੈ। ਡਿਫਥੇਰੀਆ ਵਾਲੇ 10 ਮਰੀਜ਼ਾਂ ਵਿਚੋਂ ਤਕਰੀਬਨ 1 ਮਰ ਸਕਦਾ ਹੈ।

**ਪਰਟੂਸਿਸ** ਜਾਂ 'ਕਾਲੀ ਖਾਂਸੀ' ਸਾਹ ਪ੍ਰਣਾਲੀ ਦੀ ਇੱਕ ਗੰਭੀਰ ਇਨਫੈਕਸ਼ਨ ਹੈ ਜੋ ਪਰਟੂਸਿਸ ਬੈਕਟੀਰੀਏ ਕਾਰਨ ਹੁੰਦੀ ਹੈ। ਪਰਟੂਸਿਸ ਕਾਰਨ ਨਮੂਨੀਆ, ਮਰੋੜੇ, ਦਿਮਾਗ਼ ਦਾ ਨੁਕਸਾਨ ਜਾਂ ਮੌਤ ਹੋ ਸਕਦੀ ਹੈ। ਇਹ ਜਟਿਲਤਾਵਾਂ ਆਮ ਤੌਰ ਤੇ ਛੋਟੇ ਬਾਲਾਂ ਵਿਚ ਵੇਖਣ ਨੂੰ ਮਿਲਦੀਆਂ ਹਨ। ਜਰਮ (ਬੈਕਟੀਰੀਆ) ਖੰਘਣ, ਛਿੱਕਣ ਜਾਂ ਮੂੰਹੋਂ-ਮੂੰਹੀਂ ਨਿਕਟ ਸੰਪਰਕ ਦੁਆਰਾ ਸੌਖਿਆਂ ਹੀ ਫੈਲ ਜਾਂਦੇ ਹਨ। ਪਰਟੂਸਿਸ ਕਾਰਨ ਬਹੁਤ ਗੰਭੀਰ ਖੰਘ ਹੋ ਸਕਦੀ ਹੈ ਜਿਹੜੀ ਅਕਸਰ ਅਗਲੇ ਸਾਹ ਤੋਂ ਪਹਿਲਾਂ ਸੀਟੀ ਵਰਗੀ ਆਵਾਜ਼ ਨਾਲ ਖ਼ਤਮ ਹੁੰਦੀ ਹੈ। ਇਹ ਖੰਘ ਕਈ ਮਹੀਨਿਆਂ ਤੱਕ ਰਹਿ ਸਕਦੀ ਹੈ ਅਤੇ ਜ਼ਿਆਦਾਤਰ ਰਾਤ ਵੇਲੇ ਹੁੰਦੀ ਹੈ। ਪਰਟੂਸਿਸ ਦੇ 170 ਮਰੀਜ਼ਾਂ ਵਿਚੋਂ ਤਕਰੀਬਨ 1 ਮਰ ਸਕਦਾ ਹੈ।ਕਾਲੀ ਖਾਂਸੀ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #15c ਪਰਟੂਸਿਸ (ਕਾਲੀ ਖਾਂਸੀ) ਦੇਖੋ।

**ਟੈਟਨਸ**, ਜਿਸ ਨੂੰ 'ਲੌਕਜਾਅ' ਵੀ ਆਖਦੇ ਹਨ, ਇਹ ਆਮ ਤੌਰ ਤੇ ਮਿੱਟੀ ਵਿਚ ਪਾਏ ਜਾਣ ਵਾਲੇ ਜਰਮ (ਬੈਕਟੀਰੀਆ) ਕਾਰਨ ਹੁੰਦੀ ਹੈ। ਜਦੋਂ ਕੱਟੀ ਹੋਈ ਜਾਂ ਰਗੜ ਵਾਲੀ ਚਮੜੀ ਰਾਹੀਂ ਬੈਕਟੀਰੀਆ ਚਮੜੀ ਦੇ ਅੰਦਰ ਦਾਖਲ ਹੋ ਜਾਂਦੇ ਹਨ ਤਾਂ ਉਹ ਇੱਕ ਜ਼ਹਿਰ ਪੈਦਾ ਕਰਦੇ ਹਨ ਜੋ ਪੂਰੇ ਸਰੀਰ ਦੇ ਤੰਤੂਆਂ ਵਿਚ ਦਰਦਨਾਕ ਅਕੜਾਅ ਪੈਦਾ ਕਰ ਸਕਦਾ ਹੈ। ਜੇ ਕਰ ਸਾਹ ਵਾਲੇ ਤੰਤੂ ਪ੍ਰਭਾਵਿਤ ਹੋ ਜਾਣ ਤਾਂ ਇਹ ਬਹੁਤ ਗੰਭੀਰ ਹੋ ਜਾਂਦਾ ਹੈ। ਟੈਟਨਸ ਵਾਲੇ 5 ਮਰੀਜ਼ਾਂ ਵਿਚੋਂ ਤਕਰੀਬਨ 1 ਮਰ ਸਕਦਾ ਹੈ।

**ਪੋਲੀਓ**, ਵਾਇਰਸ ਦੀ ਇਨਫੈਕਸ਼ਨ ਕਾਰਨ ਹੋਣ ਵਾਲੀ ਇੱਕ ਬਿਮਾਰੀ ਹੈ। ਜਦ ਕਿ ਜ਼ਿਆਦਾਤਰ ਪੋਲੀਓ ਇਨਫੈਕਸ਼ਨਾਂ ਦੇ ਕੋਈ ਰੋਗ-ਲੱਛਣ ਨਜ਼ਰ ਨਹੀਂ ਆਉਂਦੇ, ਪਰ ਕੁੱਝ ਹੋਰਨਾਂ ਦੇ ਕਾਰਨ ਬਾਂਹਾਂ ਜਾਂ ਲੱਤਾਂ ਦਾ ਲਕਵਾ ਜਾਂ ਇੱਥੋਂ ਤੱਕ ਕਿ ਮੌਤ ਵੀ ਹੋ ਸਕਦੀ ਹੈ। ਪੋਲੀਓ ਦੇ ਮਰੀਜ਼ ਦੇ ਮਲ-ਤਿਆਗ (ਟੱਟੀ) ਨਾਲ ਸੰਪਰਕ ਹੋਣ ਨਾਲ ਪੋਲੀਓ ਫੈਲ ਸਕਦੀ ਹੈ। ਇਹ ਬਿਮਾਰੀ ਟੱਟੀ ਨਾਲ ਦੂਸ਼ਿਤ ਹੋਇਆ ਖਾਣਾ ਖਾਣ ਜਾਂ ਪਾਣੀ ਪੀਣ ਨਾਲ ਵੀ ਹੋ ਸਕਦੀ ਹੈ।

ਬਚਪਨ ਵੇਲੇ ਦੇ ਬਾਕਾਇਦਾ ਇਮਿਊਨਾਈਜ਼ੇਸ਼ਨ ਦੇ ਪ੍ਰੋਗਰਾਮਾਂ ਕਾਰਨ ਡਿਫਥੇਰੀਆ, ਟੈਟਨਸ ਅਤੇ ਪੋਲੀਓ ਹੁਣ ਬੀ.ਸੀ. ਵਿਚ ਬਹੁਤ ਘੱਟ ਹੁੰਦੀਆਂ ਹਨ। ਕਾਲੀ ਖਾਂਸੀ ਅਜੇ ਵੀ ਹੁੰਦੀ ਹੈ ਪਰ ਪਹਿਲਾਂ ਨਾਲੋਂ ਬਹੁਤ ਘੱਟ ਅਤੇ ਟੀਕਾ ਲੱਗੇ ਲੋਕਾਂ ਵਿਚ ਬਹੁਤ ਹਲਕੀ ਹੁੰਦੀ ਹੈ।

ਹੋਰ ਜ਼ਿਆਦਾ ਵਿਸ਼ਿਆਂ ਬਾਰੇ ਹੈਲਥਲਿੰਕ ਬੀ.ਸੀ. ਫਾਈਲਾਂ ਲਈ www.HealthLinkBC.ca/healthfiles ਵੇਖੋ ਜਾਂ ਆਪਣੀ ਸਥਾਨਕ ਜਨਤਕ ਸਿਹਤ ਯੂਨਿਟ ਵਿਖੇ ਜਾਓ।

ਗੈਰ-ਹੰਗਾਮੀ ਸਿਹਤ ਜਾਣਕਾਰੀ ਅਤੇ ਬੀ.ਸੀ. ਵਿਚਲੀਆਂ ਸੇਵਾਵਾਂ ਲਈ www.HealthLinkBC.ca 'ਤੇ ਕਲਿੱਕ ਕਰੋ ਜਾਂ **8-1-1** 'ਤੇ ਫੋਨ ਕਰੋ।

ਬੋਲ਼ੇ ਅਤੇ ਉੱਚਾ ਸੁਣਨ ਵਾਲੇ ਮਦਦ ਲਈ ਬੀ.ਸੀ. ਵਿੱਚ 7-1-1 'ਤੇ ਫੋਨ ਕਰ ਸਕਦੇ ਹਨ।

ਮੰਗੇ ਜਾਣ 'ਤੇ 130 ਤੋਂ ਵੱਧ ਬੋਲੀਆਂ ਵਿੱਚ ਅਨੁਵਾਦ ਦੀਆਂ ਸੇਵਾਵਾਂ ਉਪਲਬਧ ਹਨ।

BRITISH COLUMBIA | ImmunizeBC | BC Centre for Disease Control
An agency of the Provincial Health Services Authority